**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਜ਼ੋਗੀ ਰਾਮ ਪੁੱਤਰ ਸ੍ਰੀ ਕਰਤਾਰ ਸਿੰਘ,
ਪਿੰਡ ਭੂੱਲਣ ਤਹਿਸੀਲ ਮੂਨਕ ਜ਼ਿਲਾ ਸੰਗਰੂਰ

-----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਐਸ.ਐਚ.ਓ. ਖਨੌਰੀ, ਜਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ, ਦਫਤਰ,
ਐਸ.ਐਸ.ਪੀ., ਸੰਗਰੂਰ।

--------ਉੱਤਰਦਾਤਾ

**ਅਪੀਲ ਕੇਸ ਨੰ:4177 ਆਫ 2019**

**ਹਾਜ਼ਰ**

1) ਅਪੀਲਕਰਤਾ ਸ੍ਰੀ ਜ਼ੋਗੀ ਰਾਮ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਜੈਬ ਸਿੰਘ, ਐਸ.ਆਈ. (8054545411) ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-03-2019 , ਲੋਕ ਸੂਚਨਾ ਅਧਿਕਾਰੀ ਦਫਤਰ ਐਸ.ਐਚ.ਓ. ਖਨੌਰੀ, ਜਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਜ਼ੋ ਦਰਖਾਸਤਾਂ ਸੁਖਦੇਵ ਸਿੰਘ ਪੁੱਤਰ ਸ੍ਰੀ ਕਰਤਾਰ ਸਿੰਘ ਵਾਸੀ ਭੂਲਣ ਨੇ ਆਪਣੀ ਦੁਕਾਨ ਤੇ ਮਿਤੀ 19-06-2018 ਨੂੰ ਹੋਏ ਹਮਲੇ ਸਬੰਧੀ ਦਿੱਤੀਆਂ ਸਨ ਅਤੇ ਜਿਸ ਦੇ ਸਬੰਧ ਵਿਚ ਖਨੌਰੀ ਪੁਲਿਸ ਨੇ ਮਿਤੀ 03-03-2019 ਨੂੰ ਬਿਆਨ ਲਿਖੇ ਸੀ ਨਾਲ ਸਬੰਧਤ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 09-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-11-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 02-12-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 22-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਜ਼ੋਗੀ ਰਾਮ ਹਾਜ਼ਰ ਹੋਇਆ।ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਕੋਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਜੈਬ ਸਿੰਘ, ਐਸ.ਆਈ. ਹਾਜ਼ਰ ਹੋਇਆ। ਉਸ ਵਲੋਂ ਪੱਤਰ ਨੰ: 108/ਅਪੀਲ ਆਰ.ਟੀ.ਆਈ, ਮਿਤੀ 22-01-2020 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ।ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅੱਜ ਪੇਸ਼ੀ ਦੋਰਾਨ ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਉਕਤ ਪੱਤਰ ਮਿਤੀ 22-01-2020 ਪੇਸ਼ ਕੀਤਾ ਗਿਆ । ਜਿਸ ਦੀ ਕਾਪੀ ਅਪੀਲਕਰਤਾ ਨੂੰ ਵੀ ਦਿੱਤੀ ਗਈ ਉਸ ਵਲੋ ਦਸਿਆ ਗਿਆ ਕਿ ਜ਼ੋ ਸੂਚਨਾ ਦਿੱਤੀ ਗਈ ਹੈ ਉਹ ਸਹੀ ਨਹੀਂ ਹੈ ਕਿਉਂਜੋ ਇਕੋ ਮਿਤੀ ਨੂੰ 2 ਹਮਲਿਆਂ ਬਾਰੇ ਕਾਰਵਾਈ ਕੀਤੀ ਗਈ ਸੀ।ਉੱਤਰਦਾਤਾ ਵਲੋਂ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਸਬੰਧੀ ਡਿਟੇਲ ਵਿਚ ਦਸਿਆ ਗਿਆ ਹੈ ਕਿ ਮੁੱਖ ਅਫਸਰ, ਥਾਣਾ ਖਨੋਰੀ ਵਲੋਂ ਪਹਿਲਾਂ ਹੀ ਪੱਤਰ ਨੰ: 26/5ਏ ਥਾਣਾ ਖਨੋਰੀ, ਮਿਤੀ 20-01-2020 ਰਾਹੀਂ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਇਸ ਪੱਤਰ ਰਾਹੀਂ ਦਸਿਆ ਗਿਆ ਹੈ ਕਿ ਸ੍ਰੀ ਜ਼ੋਗੀ ਰਾਮ ਉਕਤ ਦੇ ਬਿਆਨ ਤੇ ਕਰਾਸ ਮੁਕਦਮਾ ਨ: 60 ਮਿਤੀ 20-6-2018 ਨੂੰ ਦਰਜ ਕੀਤਾ ਗਿਆ ਸੀ ਜ਼ੋ ਤਫਤੀਸ਼ ਅਧੀਨ ਹੈ। ਉਕਤ ਮੁਕੱਦਮਾ ਦਾ ਚਲਾਨ ਮਿਤੀ 6-1-2020 ਨੂੰ ਅਦਾਲਤ ਵਿਚ ਪੇਸ਼ ਹੋ ਚੁੱਕਾ ਹੈ ਇਸ ਕਰਕੇ ਪ੍ਰਾਰਥੀ ਜ਼ੋਗੀ ਰਾਮ ਉਕਤ ਮੰਗੀ ਗਈ ਸੂਚਨਾ ਮਾਨਯੋਗ ਅਦਾਲਤ ਪਾਸੋਂ ਹਾਸਲ ਕਰ ਸਕਦਾ ਹੈ। ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਦਿੱਤੇ ਗਏ ਉੱਤਰ ਤੋ ਕਮਿਸ਼ਨ ਸੰਤੁਸ਼ਟ ਹੈ ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 22 ਜਨਵਰੀ, 2020.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਨਿਰਮਲ ਸਿੰਘ ਪੁੱਤਰ ਸ੍ਰੀ ਬਲਬੀਰ ਸਿੰਘ,
ਗਲੀ ਨੰ: 8/2, 83/1, ਬਾਬਾ ਮੁਕੰਦ ਸਿੰਘ ਨਗਰ
ਦਾਬਾ ਰੋਡ , ਲੁਧਿਆਣਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ ਵਿਜੀਲੈਂਸ ਬਿਉਰੋ, ਪੰਜਾਬ ਮੋਹਾਲੀ।

ਪਹਿਲੀ ਅਪੀਲੀ ਅਥਾਰਟੀ, ਦਫਤਰ,
ਚੀਫ ਡਾਇਰੈਕਟਰ ਵਿਜੀਲੈਂਸ ਬਿਉਰੋ, ਪੰਜਾਬ, ਮੋਹਾਲੀ। --------ਉੱਤਰਦਾਤਾ

**ਅਪੀਲ ਕੇਸ ਨੰ: 4178 ਆਫ 2019**

**ਹਾਜ਼ਰ**

1) ਅਪੀਲਕਰਤਾ ਵਲੋਂ ਮੈਡਮ ਦਿਪਤੀ ਸਲੂਜਾ, ਵਕੀਲ (9888203328)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਨੀਲ ਰਤਨ ਕਾਂਸਟੇਬਲ, (9779074400) ।

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 20-06-2019 , ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ ਵਿਜੀਲੈਂਸ ਬਿਉਰੋ, ਪੰਜਾਬ ਮੋਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਪੀ. 1443288 ਮਿਤੀ 20-03-2019 ਰਜਿਸਟਰੀ ਰਾਹੀਂ ਭੇਜੀ ਇੰਨਕੁਆਰੀ ਰਿਪੋਰਟ ਨਾਲ ਸਬੰਧਤ 04 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-11-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 02-12-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 22-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਮੈਡਮ ਦਿਪਤੀ ਸਲੂਜਾ, ਵਕੀਲ ਹਾਜਰ ਹੋਈ। ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਦੀ ਮੰਗ ਅਨੁਸਾਰ ਉਸਦੀ ਮਿਤੀ 20-3-2019 ਦੀ ਦਰਖਾਸਤ ਤੇ ਕੀਤੀ ਗਈ ਕਾਰਵਾਈ ਦਾ ਸਟੇਟਸ ਨਹੀਂ ਦਸਿਆ ਗਿਆ ਅਤੇ ਅਜੇ ਤੱਕ ਸਹੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਅਪੀਲਕਰਤਾ ਵਲੋਂ ਵੀ ਇਸ ਸਬੰਧੀ ਵਿਚ ਲਿਖਿਆ ਪੱਤਰ ਜ਼ੋ ਡਾਕ ਰਾਹੀਂ ਮਿਤੀ 17-01-2020 ਰਾਹੀਂ ਪ੍ਰਾਪਤ ਹੋਇਆ ਹੈ ਵਿਚ ਉਸ ਵਲੋਂ ਦਸਿਆ ਗਿਆ ਕਿ ਮਿਤੀ 30-8-2019 ਨੂੰ ਪਹਿਲੀ ਅਪੀਲੀ ਅਥਾਰਟੀ ਪਾਸ ਅਪੀਲ ਕੀਤੀ ਸੀ ਪਰ ਜਾਣਕਾਰੀ ਪ੍ਰਾਪਤ ਨਹੀਂ ਹੋਈ। ਹਰਜਾਨਾ ਪਾਇਆ ਜਾਵੇ। ਪਤਰ ਮਿਸਲ ਤੇ ਉਪਲਭਧ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਨੀਲ ਰਤਨ ਕਾਂਸਟੇਬਲ ਹਾਜ਼ਰ ਹੋਇਆ ਉਸ ਵਲੋਂ ਪੱਤਰ ਨ: 55158/ਵਬ/ਐਸ-14 ਮਿਤੀ 14-12-2019 ਪੇਸ਼ ਕੀਤਾ ਗਿਆ ਜ਼ੋ ਪਹਿਲਾਂ ਹੀ ਡਾਕ ਰਾਹੀਂ ਮਿਤੀ 1-1-2020 ਨੂੰ ਪ੍ਰਾਪਤ ਹੋ ਚੁੱਕਾ ਹੈ ਅਤੇ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਕਾਪੀ ਅਪੀਲਕਰਤਾ ਨੂੰ ਕੀਤੀ ਗਈ ਹੈ। ਪੱਤਰ ਮਿਸਲ ਤੇ ਉਪਲਭਧ ਹੈ।

4. ਅਪੀਲਕਰਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਦਸਿਆ ਗਿਆ ਕਿ ਉਨ੍ਹਾਂ ਨੂੰ ਅਜੇ ਤੱਕ ਸਹੀ ਸੂਚਨਾ ਭਾਵ ਅਪੀਲਕਰਤਾ ਵਲੋਂ ਦਿੱਤੀ ਦਰਖਾਸਤ ਦੇ ਸਟੇਟਸ ਬਾਰੇ ਜਾਣਕਾਰੀ ਨਹੀਂ ਦਿੱਤੀ ਗਈ। ਉੱਤਰਦਾਤਾ ਵਲੋਂ ਪੇਸ਼ ਕੀਤੇ ਗਏ ਪੱਤਰ ਅਨੁਸਾਰ ਉਨ੍ਹਾਂ ਨੂੰ ਅਪੀਲਕਰਤਾ ਦੀ ਅਰਜੀ ਪਹਿਲੀ ਅਪੀਲੀ ਅਥਾਰਥੀ ਪਾਸ ਦਾਇਰ ਅਪੀਲ ਮਿਤੀ 29-08-2019 ਮਿਤੀ 3-9-2019 ਨੂੰ ਪ੍ਰਾਪਤ ਹੋਣ ਤੇ ਪ੍ਰਾਪਤ ਹੋਈ ਜਿਸ ਸਬੰਧੀ ਕਾਰਵਾਈ ਕਰਦੇ ਹੋਏ ਪੱਤਰ ਨੰ: 45062/ਵਬ/ਐਸ-14 ਮਿਤੀ 30-9-2019 ਜ਼ੋਂ ਅਪੀਲਕਰਤਾ ਨੂੰ ਸੰਬੋਧਤ ਹੈ ਰਾਹੀਂ ਸੁਚਿਤ ਕੀਤਾ ਗਿਆ ਸੀ ਕਿ ਆਪ ਵਲੋਂ ਭੇਜੀ ਗਈ ਸ਼ਿਕਾਇਤ ਨੰ: 258/19 ਲੁਧਿਆਣਾ ਵਿਖੇ ਵਿਚਾਰਨ ਉਪਰੰਤ ਮੂਲ ਰੂਪ ਵਿਚ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਥਾਨ ਸਰਕਾਰ ਵਿਭਾਗ,

ਪਰਤੋ ਜੀ -----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 4178 **ਆਫ** 2019

ਚੰਡੀਗੜ੍ਹ ਨੂੰ ਪੱਤਰ ਨ: 31212/ਵਬ/ਐਸ.-12 ਮਿਤੀ 25-6-2019 ਰਾਹੀਂ ਯੋਗ ਕਾਰਵਾਈ ਲਈ ਭੇਜ਼ ਦਿੱਤੀ ਗਈ ਸੀ। ਵਿਜੀਲੈਂਸ ਬਿਊਰੋ, ਪੰਜਾਬ ਵਲੋਂ ਇਸ ਸ਼ਿਕਾਇਤ ਸਬੰਧੀ ਕੋਈ ਪੜਤਾਲ ਨਹੀਂ ਕੀਤੀ ਗਈ। ਇਸ ਤਰ੍ਹਾਂ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਮੁਕੰਮਲ ਅਤੇ ਵਿਸਥਾਰ ਵਿਚ ਉਤਰ/ਜਾਣਕਾਰੀ ਮੁਹੱਈਆ ਕਰਵਾ ਦਿੱਤੀ ਗਈ ਹੈ ਅਤੇ ਕਮਿਸ਼ਨ ਉੱਤਰਦਾਤਾ ਵਲੋਂ ਦਿੱਤੀ ਗਈ ਜਾਣਕਾਰੀ ਤੋਂ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 22 **ਜਨਵਰੀ,** 2020. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਵਿਨੈ ਸੋਫਤ,
136/1, ਬ0ਲਾਕ 12 ਸ਼ਾਹਪੁਰ ਰੋਡ,
ਲੁਧਿਆਣਾ 141008 ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ਦਫਤਰ,
ਡੀ.ਪੀ.ਆਈ. (ਕਾਲਿਜ਼) ,
ਪੰਜਾਬ ਫੇਜ਼ 8 ਮੋਹਾਲੀ। --------ਉਂਤਰਦਾਤਾ

**ਸ਼ਿਕਾਇਤ ਕੇਸ ਨੰ: 963 ਆਫ 2019**

**ਹਾਜ਼ਰ**

1) ਸ਼ਿਕਾਇਤਕਰਤਾ ਵਲੋਂ ਸ੍ਰੀ ਘਨਸ਼ਾਮ ਦੇਵ (9815656189)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁਕੱਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 29-08-2019, ਲੋਕ ਸੂਚਨਾ ਅਧਿਕਾਰੀ ਦਫਤਰ ਡੀ.ਪੀ.ਆਈ. (ਕਾਲਿਜ਼) , ਪੰਜਾਬ ਫੇਜ਼ 8 ਮੋਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੀ.ਪੀ.ਆਈ. ਕਾਲਜ ਤੋਂ ਰੂਲਾਂ ਦੀ ਕਾਪੀਆਂ ਦੀ ਮੰਗ ਕੀਤੀ ਗਈ ਜਿਸ ਤਹਿਤ 95 ਪ੍ਰਤੀਸ਼ਤ ਗਰਾਂਟ ਲੈਂਦੇ ਕਾਲਿਜ਼ਾਂ ਦੇ ਪ੍ਰਿੰਸੀਪਲ ਜੇਕਰ ਛੁੱਟੀ ਤੇ ਜਾਂਦਾ ਹੈ ਤਾਂ ਉਸਦੀ ਥਾਂ ਤੇ ਆਫਿਸ਼ਿਏਟ ਪ੍ਰਿੰਸੀਪਲ ਦਾ ਕੰਮ ਕਿਸ ਨੂੰ ਦਿੱਤਾ ਜਾ ਸਕਦਾ ਹੈ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-11-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 02-12-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 22-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਵਲੋਂ ਸ੍ਰੀ ਘਨਸ਼ਾਮ ਦੇਵ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਮੰਗੀ ਗਈ ਸੂਚਨਾ ਅਜੇ ਤੱਕ ਪ੍ਰਾਪਤ ਨਹੀ ਹੋਈ।

3. ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਸਬੰਧੀ ਕੋਈ ਸੂਚਨਾ ਪ੍ਰਾਪਤ ਹੋਈ ਹੈ। ਇਸ ਲਈ **ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 04-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 22 ਜਨਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਵਿਨੈ ਸੋਫਤ,
136/1, ਬ0ਲਾਕ 12 ਸ਼ਾਹਪੁਰ ਰੋਡ,
ਲੁਧਿਆਣਾ 141008 ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ਦਫਤਰ,
ਡਿਪਾਰਟਮੈਂਟ ਆਫ ਹਾਇਰ ਐਜੂਕੇਸ਼ਨ,
ਪੰਜਾਬ ਸਰਕਾਰ, ਚੰਡੀਗੜ੍ਹ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 967 ਆਫ 2019**

**ਹਾਜ਼ਰ**

1) ਸ਼ਿਕਾਇਤਕਰਤਾ ਵਲੋਂ ਸ੍ਰੀ ਘਨਸ਼ਾਮ ਦੇਵ (9815656189)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਵਿੰਦਰ ਸਿੰਘ ਸੀਨੀਅਰ ਸਹਾਇਕ (9878491522)।

**ਹੁਕੱਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 29-08-2019 , ਲੋਕ ਸੂਚਨਾ ਅਧਿਕਾਰੀ ਦਫਤਰ ਡਿਪਾਰਟਮੈਂਟ ਆਫ ਹਾਇਰ ਐਜੂਕੇਸ਼ਨ, ਪੰਜਾਬ ਸਰਕਾਰ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਰਿਟ ਪਟਿਸ਼ਨ ਨੰ: 10650 ਆਫ 2013 ਦੇ ਆਧਾਰ ਤੇ ਗਰਾਂਟ ਲੈਂਦੇ ਕਾਲਜਾਂ ਵਿਚ 1925 ਅਧਿਆਪਕਾਂ ਦੀਆਂ ਆਸਾਮੀਆਂ ਦੀ ਭਰਤੀ ਨਾਲ ਸਬੰਧਤ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 06-11-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 02-12-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 22-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਵਲੋਂ ਸ੍ਰੀ ਘਨਸ਼ਾਮ ਦੇਵ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਮੰਗੀ ਗਈ ਸਹੀ ਸੂਚਨਾ ਅਜੇ ਤੱਕ ਪ੍ਰਾਪਤ ਨਹੀ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਵਿੰਦਰ ਸਿੰਘ ਸੀਨੀਅਰ ਸਹਾਇਕ ਹਾਜ਼ਰ ਹੋਇਆ ਉਸ ਵਲੋਂ ਪੱਤਰ ਮੀਮੋ ਨੰ: 11/148/2014-3ਸਿ1/328 ਮਿਤੀ 11-12-2019 ਪੇਸ਼ ਕੀਤਾ ਗਿਆ ਜ਼ੋ ਪਹਿਲਾਂ ਹੀ ਡਾਕ ਰਾਹੀਂ ਕਮਿਸਨ ਪਾਸ ਮਿਤੀ 13-12-2019 ਨੂੰ ਪ੍ਰਾਪਤ ਹੋ ਚੁੱਕਾ ਅਤੇ ਕਮਿਸ਼ਨ ਨੂੰ ਸੰਬੋਧਤ ਹੈ। ਪਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਪੇਸ਼ ਕੀਤੇ ਗਏ ਉਕਤ ਪੱਤਰ ਰਾਹੀਂ ਦਸਿਆ ਗਿਆ ਕਿ ਸ਼ਿਕਾਇਤਕਰਤਾ ਨੂੰ ਪਹਿਲਾਂ ਹੀ ਆਪਣੇ ਪੱਤਰ ਨੰ: 11/148/2014-3ਸਿ1/1611264/2 ਮਿਤੀ 11-12-2019 ਰਾਹੀਂ ਸੂਚਿਤ ਕੀਤਾ ਜਾ ਚੁੱਕਾ ਹੈ। ਜਿਸ ਦੀ ਕਾਪੀ ਵੀ ਪੇਸ਼ ਕੀਤੀ ਗਈ ਹੈ ਅਨੁਸਾਰ ਮੰਗੀ ਗਈ ਸੂਚਨਾ ਥਰਡ ਪਾਰਟੀ ਨਾਲ ਸਬੰਧਤ ਹੈ ਕਿਉਂਜੋ ਪਾਰਥੀ ਦਾ ਨਾਮ ਰੈਗੂਲਰ ਕੀਤੇ 127 ਸਹਾਇਕ ਪ੍ਰੋਫੈਸਰਾਂ ਦੀ ਸੂਚੀ ਵਿਚ ਨਾ ਹੋਣ ਕਾਰਨ ਇਹ ਥਰਡ ਪਾਰਟੀ ਹੈ। ਉਸ ਵਲੋਂ ਇਹ ਵੀ ਦਸਿਆ ਗਿਆ ਕਿ ਇਕ ਅਰਜੀ ਪਾਈ ਕਿ ਇੰਸਪੈਕਸਨ ਦੀ ਆਗਿਆ ਦਿੱਤੀ ਜਾਵੇ ਹੁਣ ਦਸਤਾਵੇਜ਼ ਮੰਗੇ ਗਏ ਹਨ। ਸ਼ਿਕਾਇਤਕਰਤਾ ਦੇ ਨੁਮਾਇੰਦੇ ਮੁਤਾਬਕ ਉਹ ਯੂਨੀਅਨ ਦੇ ਮੈਬਰ ਹੋਣ ਦੇ ਨਾਤੇ ਇਹ ਸੂਚਨਾ ਮੰਗ ਰਿਹਾ ਹੈ ਇਹ ਥਰਡ ਪਾਰਟੀ ਨਹੀਂ ਹੈ। ਉੱਤਰਦਾਤਾ ਵਲੋਂ ਸ਼ਿਕਾਇਤਕਰਤਾ ਨੂੰ ਮੁਹੱਇਆ ਕਰਵਾਈ ਗਈ ਸੂਚਨਾ ਤੋਂ ਕਮਿਸ਼ਨ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਾਰਵਾਈ ਦੀ ਲੋੜ ਨਹੀਂ। ਇਹ **ਸ਼ਿਕਾਇਤ ਕੇਸ ਦਾਖਲ ਦਫਤਰ ਕੀਤਾ** ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 22 ਜਨਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਐਸ.ਪੀ. ਗੋਇਲ (9820239110)
2- ਸੀ, ਸਰਾਬਾ ਨਗਰ ,ਨਵ ਦੁਰਗਾ
ਮੰਦਰ/ ਗੁਰੂਦਵਾਰਾ ਰੋਡ, ਲੁਧਿਆਣਾ । ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਜਾਬ ਸਮਾਲ ਸਕੇਲ ਇੰਡਸਟਰੀਜ ਐਂਡ ਐਕਸਪੋਰਟ
ਕਾਰਪੋਰੇਸ਼ਨ ਲਿਮਿਟਿਡ ਸੈਕਟਰ 17,ਚੰਡੀਗੜ੍ਹ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 610/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸੁਰੇਸ਼ ਕੁਮਾਰ, ਐਸ.ਓ. 9463490629

**ਹੁੱਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-05-2019, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬ ਸਮਾਲ ਸਕੇਲ ਇੰਡਸਟਰੀਜ ਐਂਡ ਐਕਸਪੋਰਟ ਕਾਰਪੋਰੇਸ਼ਨ ਲਿਮਿਟਿਡ ਸੈਕਟਰ 17,ਚੰਡੀਗੜ੍ਹ, ਨੂੰ ਪੇਸ਼ ਕੀਤਾ ਸੀ, ਜਿਸ ਰਾਹੀਂ ਉਸ ਨੇ ਪ੍ਰਾਪਰਟੀ ਨੰ: ਬੀ-49, ਫੋਕਲ ਪੁਆਇੰਟ, ਲੁਧਿਆਣਾ ਦੇ ਵਿਰੁੱਧ ਰੁ: 2,73,31,160/- ਦੀ ਡਿਮਾਂਡ ਨਾਲ ਸਬੰਧਤ ਇੰਨਕਮ ਟੈਕਸ ਵਿਭਾਗ ਦੇ ਪੱਤਰ ਨੰ: 414 ਮਿਤੀ 28-03-2019 ਨਾਲ ਸਬੰਧਤ 10 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 09-7-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਇਸ ਉਪਰੰਤ ਇਹ ਕੇਸ ਮਿਤੀ 15-10-2019 ,ਮਿਤੀ 05/11/2019, 26-11-2019 26-11-2019 ਨੂੰ ਹੋਈ ਕਾਰਵਾਈ ਉਪਰੰਤ ਅਗਲੀ ਮਿਤੀ 18-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਮਿਤੀ 18-12-2019 ਨੂੰ ਪੇਸ਼ੀ ਤੇ ਸ਼ਿਕਾਇਤਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ ਮਿਤੀ 17-12-2019 ਅਤੇ ਪੱਤਰ ਮਿਤੀ 06-12-2019 ਰਾਹੀਂ ਮੁੜ ਬੇਨਤੀ ਕੀਤੀ ਗਈ ਸੀ ਕਿ ਉਸ ਦੀ ਸੁਣਵਾਈ ਵੀਡੀਓ ਕਾਂਨਫਰੰਸ ਰਾਹੀਂ ਕੀਤੀ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਫਸਰ) ਸ੍ਰੀ ਸੁਰੇਸ਼ ਕੁਮਾਰ, ਐਸ.ਓ. ਹਾਜ਼ਰ ਹੋਏ ਉਨ੍ਹਾਂ ਵਲੋਂ ਦਸਿਆ ਗਿਆ ਕਿ ਸ਼ਿਕਾਇਤਕਰਤਾ ਨੂੰ ਪਹਿਲਾਂ ਹੀ ਸਾਰੀ ਜਾਣਕਾਰੀ ਮੁਹੱਈਆ ਕਰਵਾ ਦਿੱਤੀ ਗਈ ਹ ਇਸ ਮਾਮਲੇ ਸਬੰਧੀ ਉੱਤਰਦਾਤਾ ਧਿਰ ਵਲੋਂ ਸ਼ਿਕਾਇਤਕਰਤਾ ਨੂੰ ਉਸ ਵਲੋਂ ਮੰਗੀ ਗਈ ਸੂਚਨਾ ਦੇ ਨਾਲ ਨਾਲ ਈ.ਮੇਲ.ਮਿਤੀ 03-11-2019 ਰਾਹੀਂ ਭੇਜੀਆਂ ਤਰੁੱਟੀਆਂ ਸਬੰਧੀ ਆਪਣਾ ਜਵਾਬ ਸਪਸ਼ੱਟੀਕਰਨ ਪੱਤਰ ਨੰ:ਪੀ.ਐਸ.ਆਈ.ਈ.ਸੀ./ਆਰ.ਟੀ.ਆਈ./ਪੀ.ਆਈ.ਓ./36900 ਮਿਤੀ 25-11-2019 ਜੋ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਸ਼ਿਕਾਇਤਕਰਤਾ ਨੂੰ ਉੱਤਾਰਾ ਭੇਜਿਆ ਗਿਆ ਸੀ ਰਾਹੀਂ ਦੇ ਦਿੱਤਾ ਗਿਆ । ਇਸ ਤੋਂ ਇਲਾਵਾ ਪੇਸ਼ੀ ਦੋਰਾਨ ਪੱਤਰ ਨੰ: ਪੀ.ਐਸ.ਆਈ.ਈ.ਸੀ./ਆਰ.ਟੀ.ਆਈ./ਪੀ.ਆਈ.ਓ./39801 ਮਿਤੀ 18-12-2019 ਪੇਸ਼ ਕੀਤਾ ਗਿਆ ਜੋ ਕਮਿਸ਼ਨ ਨੂੰ ਸੰਬੋਧਤ ਹੈ ਰਾਹੀਂ ਵਿਸਥਾਰ ਪੂਰਵਕ ਦਸਿਆ ਗਿਆ ਕਿ ਸਿਕਾਇਤਰਕਤਾ ਦੀ ਅਰਜੀ ਕਮਿਸ਼ਨ ਵਲੋਂ ਭੇਜੀ ਗਈ ਸੀ ਜਿਸ ਤੇ ਅਸਟੇਟ ਵਿੰਗ ਨੂੰ ਮਿਤੀ 13-09-2019 ਭੇਜੀ ਗਈ ਸੀ ਅਤੇ ਉਨ੍ਹਾਂ ਵਲੋਂ ਆਪਣੇ ਪੱਤਰ ਨ: 581 ਮਿਤੀ 09-10-2019 ਰਾਹੀਂ ਉਪਲਭਧ ਜਾਣਕਾਰੀ ਭੇਜ ਦਿੱਤੀ ਗਈ ਸੀ ਜੋ ਸ਼ਿਕਾਇਤਕਰਤਾ ਨੂੰ ਬਾਕੀ ਦੀ ਸੂਚਨਾ ਪੱਤਰ ਨੰ: ਪੀ.ਐਸ.ਆਈ. ਈ.ਸੀ./ਆਰ.ਟੀ.ਆਈ./ਪੀ.ਆਈ.ਓ./31616 ਮਿਤੀ 14-10-2019 ਰਾਹੀਂ ਮੁਹੱਈਆ ਕਰਵਾ ਦਿੱਤੀ ਗਈ ਸੀ। ਇਸ ਤਰ੍ਹਾਂ ਜਾਣਕਾਰੀ ਸਮੇਂ ਸਿਰ ਦਿੱਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਲੀਗਲ ਨੋਟਿਸ ਮਿਤੀ 11-10-2019 ਦਾ ਜਵਾਬ ਵੀ ਪੱਤਰ ਨੰ: 35480 ਮਿਤੀ 13-11-2019 ਰਾਹੀਂ ਭੇਜਿਆ ਜਾ ਚੁੱਕਾ ਹੈ। ਇਸ ਤਰ੍ਹਾਂ ਸ਼ਿਕਾਇਤਕਰਤਾ ਨੂੰ ਸਾਰੀ ਜਾਣਕਾਰੀ ਮੁਹੱਈਆ ਕਰਵਾਈ ਜਾ ਚੁੱਕੀ ਹੈ।ਉਨ੍ਹਾਂ ਵਲੋਂ ਇਹ ਵੀ ਦਸਿਆ ਗਿਆ ਇਨਕਮ ਟੈਕਸ ਵਿਭਾਗ ਵਲੋਂ ਉਸਦੀ ਜਾਇਦਾਦ ਪਹਿਲਾਂ ਹੀ ਅਟੈਚ ਕੀਤੀ ਜਾ ਚੁੱਕੀ ਹੈ ਜਿਸ ਸਬੰਧੀ ਅਜੀਤ ਪੰਜਾਬੀ ਮਿਤੀ 18-12-2019 ਵਿਚ ਛਪੇ ਇਸਤਿਹਾਰ ਅਨੁਸਾਰ ਬੋਲੀ ਦਾ ਨੋਟਿਸ ਵੀ ਦਿੱਤਾ ਗਿਆ ਹੈ। ਇਸ ਤਰ੍ਹਾਂ ਉੱਤਰਦਾਤਾ ਵਿਭਾਗ ਵਲੋਂ ਸ਼ਿਕਾਇਤਕਰਤਾ ਨੂੰ ਸਾਰੀ ਜਾਣਕਾਰੀ ਮੁਹੱਈਆ ਕਰਵਾਈ ਜਾ ਚੁੱਕੀ ਹੈ, ਲੀਗਲ ਨੋਟਿਸ ਅਤੇ ਤਰੁੱਟੀਆਂ ਸਬੰਧੀ ਵੀ ਆਪਣਾ ਸਪਸ਼ੱਟੀਕਰਨ ਭੇਜਿਆ ਜਾ ਚੁੱਕਾ ਹੈ। ਇਸ ਲਈ ਇਹ ਸ਼ਿਕਾਇਤ ਕੇਸ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਅਗਲੀ ਸੁਣਵਾਈ ਲਈ ਮਿਤੀ 22-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਸ਼ਿਕਾਇਤਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ।ਪਰ ਉਸ ਵਲੋਂ ਮਿਤੀ 21-01-2020 ਨੂੰ ਮੁੜ ਮੇਲ ਰਾਹੀਂ ਡੀ.ਐਮ.ਸੀ. ਹਸਪਤਾਲ, ਲੁਧਿਆਣਾ ਦੇ ਡਾਕਟਰ ਵਲੋਂ ਮਿਤੀ 15-1-2020 ਨੂੰ ਜ਼ਾਰੀ ਮੈਡੀਕਲ ਸਰਟੀਫੇਟ ਰਿਪੋਰਟਾਂ ਸਹਿਤ ਭੇਜਿਆ ਗਿਆ ਹੈ ਜਿਸ ਰਾਹੀਂ ਦਸਿਆ ਗਿਆ ਹੈ ਕਿ ਉਹ ਮੈਂਟਲੀ ਫਿੱਟ ਹਨ ਪਰ ਫਿਜੀਕਲੀ ਕਿਧਰੇ ਵੀ ਸਫਰ ਕਰਨ ਲਈ ਅਸਮਰਥ ਹਨ ਅਤੇ ਉਨ੍ਹਾਂ ਨੂੰ ਬੈਡ ਰੈਸਟ ਦੱਸੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸੁਰੇਸ਼ ਕੁਮਾਰ, ਐਸ.ਓ. ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਉਨ੍ਹਾਂ ਵਲੋਂ ਹਰ ਵਾਰ ਸਮੇ ਸਮੇਂ ਜਦੋਂ ਵੀ ਜ਼ੋ ਸੂਚਨਾ ਮੰਗੀ ਗਈ ਦਫਤਰ ਵਿਚ ਉਪਲਭਧ ਸੂਚਨਾ ਸ਼ਿਕਾਇਤਕਰਤਾ ਨੂੰ ਮੁਹੱਇਆ ਕਰਵਾਈ ਜਾਂਦੀ ਰਹੀ ਹੈ। ਪਰ ਸ਼ਿਕਾਇਤਕਰਤਾ ਵਾਰ ਵਾਰ ਸੂਚਨਾ ਭੇਜਣ ਦੇ ਬਾਵਜੂਦ ਉਨ੍ਹਾਂ ਨੂੰ ਪ੍ਰੇਸ਼ਾਨ ਕਰ ਰਿਹਾ ਹੈ। ਇਸ ਸਬੰਧ ਵਿਚ ਉਨ੍ਹਾਂ ਵਲੋਂ ਪੱਤਰ ਨੰ: ਪੀ.ਐਸ.ਆਈ.ਈ.ਸੀ./ਅਸਟੇਟ/852 ਮਿਤੀ 22-01-2020 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ । ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਉੱਤਰਦਾਤਾ ਵਲੋਂ ਹਰ ਪੇਸ਼ੀ ਤੇ ਹਾਜ਼ਰ ਹੋ ਕੇ ਸ਼ਿਕਾਇਤਕਰਤਾ ਵਲੋਂ ਲਿਖੇ ਗਏ ਪੱਤਰਾਂ ਦਾ ਉੱਤਰ ਵਿਸਥਾਰ ਵਿਚ ਦਿੰਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਂਦਾ ਰਿਹਾ ਹੈ। ਪੱਤਰ ਮਿਤੀ 25-11-2019 ਰਾਹੀਂ ਦਸੀਆਂ ਗਈਆਂ ਤਰੁੱਟੀਆਂ ਸਬੰਧੀ ਵੀ ਨੁਕਤਾਵਾਰ ਜਾਣਕਾਰੀ /ਸਪੱਸਟੀਕਰਨ ਦਿਤਾ ਜਾ ਚੁੱਕਾ ਹੈ। ਪਿਛਲੀ ਮਿਤੀ 18-12-2019 ਅਤੇ ਅੱਜ ਪੇਸ਼ੀ ਤੇ ਹਾਜ਼ਰ ਹੋ ਕੇ ਪੇਸ਼ ਕੀਤੇ ਗਏ ਪੱਤਰ ਮਿਤੀ 18-12-2019 ਅਤੇ 22-01-2020 ਰਾਹੀਂ ਦਸਿਆ ਗਿਆ ਕਿ ਸ਼ਿਕਾਇਤਕਰਤਾ ਨੂੰ ਪਹਿਲਾਂ ਹੀ ਪੱਤਰ ਨੰ: 581 ਮਿਤੀ 9-10-2019 ਰਾਹੀਂ ਪੀ.ਆਈ.ਓ. ਵਲੋਂ ਆਪਣੇ ਪੱਤਰ ਮਿਤੀ 14-10-2019 ਰਾਹੀਂ ਨੁਕੱਤਾਤਵਾਰ ਸੂਚਨਾ ਭੇਜ਼ ਦਿੱਤੀ ਗਈ ਸੀ। ਇਸ ਉਪਰੰਤ 11-10-2019 ਦੇ ਸਬੰਧ ਵਿਚ ਵੀ ਨੋਡਲ ਅਫਸਰ ਵਲੋਂ ਪੱਤਰ ਮਿਤੀ 13-11-2019 ਰਾਹੀਂ ਨੁਕਤਾਵਾਰ ਉੱਤਰ ਦਿੱਤਾ ਜਾ ਚੁੱਕਾ ਹੈ। ਇਸ ਉਪਰੰਤ ਪੱਤਰ ਮਿਤੀ 25-11-2019 ਰਾਹੀਂ ਸੂਚਿਤ ਕੀਤਾ ਗਿਆ ਕਿ ਸ਼ਿਕਾਇਤਕਰਤਾ ਨੂੰ ਮਿਤੀ 22-11-2019 ਰਾਹੀਂ ਮੁੜ ਦਸੀਆਂ ਗਈਆਂ ਤਰੁੱਟੀਆਂ ਸਬੰਧੀ ਨੁਕਤਾਵਾਰ ਜਾਣਕਾਰੀ ਭੇਜੀ ਜਾ ਚੁੱਕੀ ਹੈ। ਇਹ ਵੀ ਦਸਿਆ ਗਿਆ ਕਿ ਸ਼ਿਕਾਇਤਕਰਤਾ ਇੰਨਕਮਟੈਕਸ ਦਾ ਡਿਫਾਲਟਰ ਹੈ ਜਿਸ ਕਾਰਨ ਆਮਦਨ ਕਰ ਵਿਭਾਗ ਲੁਧਿਆਣਾ ਵਲੋਂ ਅਖਬਾਰ ਵਿਚ ਪਬਲੀਕੇਸ਼ਨ ਵੀ ਜ਼ਾਰੀ ਕੀਤੀ ਗਈ ਹੈ। ਉਸ ਵਲੋਂ ਵਾਰ ਵਾਰ ਉਹੀ ਸੂਚਨਾ ਮੰਗੀ ਜਾ ਰਹੀ ਹੈ ਜ਼ੋ ਉਸਨੂੰ ਪਹਿਲਾਂ ਹੀ ਦਿੱਤੀ ਜਾ ਚੁੱਕੀ ਹੈ। ਇਸ ਲਈ ਇਹ ਸ਼ਿਕਾਇਤ ਕੇਸ ਫਾਇਲ ਕਰਨ ਲਈ ਬੇਨਤੀ ਕੀਤੀ ਗਈ । ਸ਼ਿਕਾਇਤਕਰਤਾ ਪਿਛਲੇ ਕਾਫੀ ਸਮੇਂ ਤੋਂ ਵਿਡੀਓ ਕਾਨਫਰੰਸ ਰਾਹੀਂ ਸੁਣਵਾਈ ਲਈ ਲਿਖ ਰਿਹਾ ਹੈ ਜਦੋਂ ਕਿ ਹਰ ਵਾਰ ਉਸਨੂੰ ਦਸਿਆ ਗਿਆ ਕਿ ਇਹ ਮਾਮਲਾ ਵਿਡੀਓ ਕਾਨਫਰੰਸ ਰਾਹੀਂ ਸੁਲਝਣ ਵਾਲਾ ਨਹੀਂ ਹੈ ਅਤੇ ਉਸਦੀ ਵੀਡੀਓ ਕਾਨਫਰੰਸ ਦੀ ਮੰਗ ਨੂੰ ਰੱਦ ਕੀਤਾ ਜਾਂਦਾ ਰਿਹਾ ਹੈ। ਇਸ ਸਬੰਧ ਵਿਚ ਕਮਿਸ਼ਨ ਵਲੋਂ ਨਿੱਜੀ ਪੱਧਰ ਤੇ ਉਸਦੀ ਬੇਟੀ ਅਤੇ ਉਸ ਨਾਲ ਇਸ ਸਬੰਧੀ ਵਿਸਥਾਰ ਵਿਚ ਟੈਲੀਫੋਨ ਤੇ ਵੀ ਸੰਪਰਕ ਕੀਤਾ ਗਿਆ ਜਿਸ ਦੋਰਾਨ ਉਨ੍ਹਾਂ ਵਲੋਂ ਪੇਸ਼ੀ ਤੇ ਹਾਜ਼ਰੀ ਲਈ ਆਪਣੀ ਸਹਿਮਤੀ ਪ੍ਰਗਟ ਕੀਤੀ ਗਈ ਸੀ। ਪਰ ਹੁਣ ਮੁੜ ਉਨ੍ਹਾਂ ਵਲੋਂ ਉਕਤ ਈ.ਮੇਲ. ਮਿਤੀ 21-01-2020 ਰਾਹੀਂ ਡਾਕਟਰ ਦਾ ਸਰਟੀਫਿਕੇਟ ਪੇਸ਼ ਕੀਤਾ ਗਿਆ ਜਿਸ ਵਿਚ ਬੈਡ ਰੈਸਟ ਦਸੀ ਗਈ ਹੈ ਅਤੇ ਕਿਧਰੇ ਵੀ ਸਫਰ ਕਰਨ ਤੋਂ ਮੰਨ੍ਹਾ ਕੀਤਾ ਗਿਆ ਹੈ। ਇਸ ਤੋਂ ਸਪੱਸ਼ਟ ਹੈ ਕਿ ਉਹ ਪੇਸ਼ੀ ਤੇ ਹਾਜ਼ਰ ਨਹੀਂ ਹੋਣਾ ਚਹੁੰਦੇ।ਇਸ ਲਈ ਇਸ ਕੇਸ ਵਿਚ ਉੱਤਰਦਾਤਾ ਵਲੋਂ ਹੁਣ ਤੱਕ ਸ਼ਿਕਾਇਤਕਰਤਾ ਨੂੰ ਦਿੱਤੀ ਗਈ ਸੂਚਨਾ ਉਪਰੰਤ ਪਾਈਆਂ ਗਈਆਂ ਤਰੁੱਟੀਆਂ ਸਬੰਧੀ ਵੀ ਜਾਣਕਾਰੀ/ਸਪਸ਼ੱਟੀਕਰਨ ਦੇ ਨਾਲ ਨਾਲ ਲੀਗਲ ਨੋਟਿਸ ਦਾ ਵੀ ਉੱਤਰ ਦਿਤਾ ਜਾ ਚੁੱਕਾ ਹੈ। ਇਸ ਤਰ੍ਹਾਂ ਸ਼ਿਕਾਇਤਕਰਤਾ ਦੀ ਮੰਗ ਅਨੁਸਾਰ ਉੱਤਰਦਾਤਾ ਵਲੋਂ ਸੂਚਨਾ ਮੁਹੱਇਆ ਕਰਵਾਈ ਜਾ ਚੁੱਕੀ ਹੈ, ਜਿਸ ਤੋਂ ਕਮਿਸ਼ਨ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਕੇਸ ਬੰਦ ਕਰਦੇ ਹੋਏ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 22 ਜਨਵਰੀ, 2020.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਪਰਮਜੀਤ ਸਿੰਘ ਪੁੱਤਰ ਸ੍ਰੀ ਲਛਮੱਨ ਸਿੰਘ, 79869-91327
ਮਕਾਨ ਨੰ: 352, ਗਲੀ ਨੰਬਰ 1, ਵਾਰਡ ਨੰਬਰ 3,
ਕੇਹਰ ਸਿੰਘ ਕਲੋਨੀ, ਖੰਨਾ, ਜ਼ਿਲ੍ਹਾ ਲੁਧਿਆਣਾ। ------- ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ, ਸਕੱਤਰ,
ਰਿਜਨਲ ਟਰਾਂਸਪੋਰਟ ਅਥਾਰਟੀ, ਅੰਮ੍ਰਿਤਸਰ

ਪਹਿਲੀ ਅਪੀਲੀ ਅਥਾਰਟੀ,
ਦਫਤਰ ਸਟੇਟ ਟਰਾਂਸਪੋਰਟ ਅਥਾਰਟੀ, ਪੰਜਾਬ, ਚੰਡੀਗੜ੍ਹ। --------- ਉੱਤਰਦਾਤਾ

**ਅਪੀਲ ਕੇਸ ਨ: 3702/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 29-12-2018, ਲੋਕ ਸੂਚਨਾ ਅਧਿਕਾਰੀ ਦਫਤਰ ਰਿਜਨਲ ਟਰਾਂਸਪੋਰਟ ਅਥਾਰਟੀ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਟੀ.ਏ. ਅੰਮ੍ਰਿਤਸਰ ਵਿਖੇ ਵੱਡੀਆਂ ਬੱਸਾਂ ਦੇ ਪਰਮਿਟਧਾਰੀਆ/ਮਾਲਕਾਂ ਨਾਲ ਸਬੰਧਤ 05 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 30-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 27-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 19-12-2019 ਨੂੰ ਅਪੀਲਕਰਤਾ ਵਲੋਂ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ। ਇਸ ਲਈ ਇਹ ਕੇਸ ਵਿਚ ਅਗਲੀ ਸੁਣਵਾਈ ਲਈ ਮਿਤੀ 22-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਵੀ ਪੇਸ਼ੀ ਤੇ ਅਪੀਲਕਰਤਾ ਵਲੋਂ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ। ਇਸ ਲਈ ਇਹ **ਕੇਸ ਵਿਚ ਅਗਲੀ ਸੁਣਵਾਈ ਲਈ ਮਿਤੀ 04-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 22 ਜਨਵਰੀ, 2020.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਪਰਮਜੀਤ ਸਿੰਘ 79866-91327
ਮਕਾਨ ਨੰਬਰ 352, ਗੱਲੀ ਨੰਬਰ 1, ਵਾਰਡ ਨੰਬਰ 3,
ਕੇਹਰ ਸਿੰਘ ਕਲੋਨੀ, ਖੰਨਾ, ਜ਼ਿਲ੍ਹਾ, ਲੁਧਿਆਣਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ
ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ, ਸਟੇਟ ਟਰਾਂਸਪੋਰਟ ਅਥਾਰਟੀ, ਪੰਜਾਬ, ਚੰਡੀਗੜ੍ਹ। ----------ਉੱਤਰਦਾਤਾ

**ਅਪੀਲ ਕੇਸ ਨੰ: 3703/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 14-12-2018, ਲੋਕ ਸੂਚਨਾ ਅਧਿਕਾਰੀ ਦਫਤਰ ਰਿਜਨਲ ਟਰਾਂਸਪੋਰਟ ਅਥਾਰਟੀ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਟੀ.ਏ. ਸੰਗਰੂਰ ਵਿਖੇ ਵੱਡੀਆਂ ਬੱਸਾਂ ਦੇ ਪਰਮਿਟਧਾਰੀਆ/ਮਾਲਕਾਂ ਨਾਲ ਸਬੰਧਤ 5 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 28-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸੀ ਦੀ ਮਿਤੀ 19-12-2019 ਨੂੰ ਅਪੀਲਕਰਤਾ ਵਲੋਂ ਕੋਈ ਹਾਜਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਸਬੰਧੀ ਕੋਈ ਸੂਚਨਾ ਪ੍ਰਾਪਤ ਹੋਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸ੍ਰੀ ਗੁਰਚਰਨ ਸਿੰਘ ਸੰਧੂ ਹਾਜ਼ਰ ਹੋਇਆ। ਉਸ ਵਲੋਂ ਪੱਤਰ ਨੰ: 12580-81 ਮਿਤੀ 16-12-2019 ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਅਤੇ ਉੱਤਾਰਾ ਸਕੱਤਰ ਰਿਜ਼ਨਲ ਟਰਾਂਸਪੋਰਟ ਅਥਾਰਟੀ ਪਟਿਆਲਾ ਨੂੰ ਭੇਜਦੇ ਹੋਏ ਲਿਖਿਆ ਗਿਆ ਹੈ ਕਿ ਇਸ ਦਾ ਸਬੰਧ ਸਕੱਤਰ ਰਿਜ਼ਨਲ ਟਰਾਂਸਪੋਰਟ ਅਥਾਰਟੀ, ਪਟਿਆਲਾ ਨਾਲ ਹੈ, ਇਸ ਲਈ ਉਨ੍ਹਾਂ ਨਾਲ ਸੰਪਰਕ ਕੀਤਾ ਜਾਵੇ। ਇਸ ਦੇ ਨਾਲ ਹੀ ਪੱਤਰ ਨੰ: 6855 ਮਿਤੀ 18-12-2019 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਰਾਹੀਂ ਦਸਿਆ ਗਿਆ ਹੈ ਕਿ ਉਕੱਤ ਪੱਤਰ ਰਾਹੀਂ ਅਪੀਲਕਰਤਾ ਨੂੰ ਸਬੰਧਤ ਅਥਾਰਟੀ ਨਾਲ ਸਿੱਧੇ ਤੌਰ ਤੇ ਸੂਚਨਾ ਪ੍ਰਾਪਤ ਕਰਨ ਲਈ ਲਿਖ ਦਿਤਾ ਗਿਆ ਹੈ। ਇਸ ਲਈ ਸਕੱਤਰ ਰਿਜ਼ਨਲ ਟਰਾਂਸਪੋਰਟ ਅਥਾਰਟੀ ਪਟਿਆਲਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਗਲੀ ਤੋਂ ਪਹਿਲਾਂ ਪਹਿਲਾਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾ ਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 22-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਵੀ ਪੇਸ਼ੀ ਤੇ ਅਪੀਲਕਰਤਾ ਵਲੋਂ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ। ਇਸ ਲਈ ਇਹ **ਕੇਸ ਵਿਚ ਅਗਲੀ ਸੁਣਵਾਈ ਲਈ ਮਿਤੀ 04-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 22 ਜਨਵਰੀ, 2020.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਪਰਮਜੀਤ ਸਿੰਘ 79866-91327
ਮਕਾਨ ਨੰਬਰ 352, ਗੱਲੀ ਨੰਬਰ 1,
ਵਾਰਡ ਨੰਬਰ 3, ਕੇਹਰ ਸਿੰਘ ਕਲੋਨੀ, ਖੰਨਾ,
ਜ਼ਿਲ੍ਹਾ, ਲੁਧਿਆਣਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ
ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ, ਸਟੇਟ ਟਰਾਂਸਪੋਰਟ ਅਥਾਰਟੀ, ਪੰਜਾਬ, ਚੰਡੀਗੜ੍ਹ। ----------ਉੱਤਰਦਾਤਾ

**ਅਪੀਲ ਕੇਸ ਨੰ: 3704/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਕਮਲਜੀਤ ਸਿੰਘ ਡਾਟਾ ਐਟਰੀ ਓਪਰੇਟਰ (8699713666)।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 29-12-2018, ਲੋਕ ਸੂਚਨਾ ਅਧਿਕਾਰੀ ਦਫਤਰ ਰਿਜਨਲ ਟਰਾਂਸਪੋਰਟ ਅਥਾਰਟੀ, ਜਲੰਧਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਟੀ.ਏ. ਸੰਗਰੂਰ ਵਿਖੇ ਵੱਡੀਆਂ ਬੱਸਾਂ ਦੇ ਪਰਮਿਟਧਾਰੀਆ/ਮਾਲਕਾਂ ਨਾਲ ਸਬੰਧਤ 05 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 28-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਦੀ ਮਿਤੀ 19-12-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਅਪੀਲਕਰਤਾ ਵਲੋਂ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ। ਇਸ ਲਈ ਇਹ ਕੇਸ ਵਿਚ ਅਗਲੀ ਸੁਣਵਾਈ ਲਈ ਮਿਤੀ 22-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਕਮਲਜੀਤ ਸਿੰਘ ਡਾਟਾ ਐਟਰੀ ਓਪਰੇਟਰ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: 1054 /ਆਰ.ਟੀ.ਏ.ਜਲੰਧਰ, ਮਿਤੀ 21-01-2020 ਪੇਸ਼ ਕੀਤਾ ਗਿਆ ਜੋ ਕਮਿਸ਼ਨ ਨੂੰ ਸੰਬੋਧਤ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਅੱਜ ਅਪੀਲਕਰਤਾ ਹਾਜ਼ਰ ਨਹੀਂ ਹੋਇਆ। ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਵੀ ਅੱਜ ਪੇਸ਼ੀ ਦੋਰਾਨ ਪੇਸ਼ ਕੀਤੇ ਗਏ ਉਕੱਤ ਪੱਤਰ ਰਾਹੀਂ ਦਸਿਆ ਗਿਆ ਕਿ ਸ੍ਰੀ ਪਰਮਜੀਤ ਸਿੰਘ ਵਲੋਂ ਜੋ ਪੱਤਰ ਮਿਤੀ 29-12-2018 ਦੇ ਸਬੰਧ ਵਿਚ ਅਪੀਲ ਦਾਇਰ ਕੀਤੀ ਗਈ ਹੈ ਉਹ ਆਰ.ਟੀ.ਆਈ. ਦੀ ਐਪਲੀਕੇਸ਼ਨ ਉਨ੍ਹਾਂ ਦੇ ਦਫਤਰ ਵਿਖੇ ਰਸੀਵ ਹੀ ਨਹੀਂ ਹੋਈ। ਇਸ ਲਈ ਕੇਸ ਦਾਖਲ ਦਫਤਰ ਕੀਤਾ ਜਾਵੇ। ਅਪੀਲਕਰਤਾ ਹਾਜ਼ਰ ਨਹੀਂ ਹੋਇਆ ਅਤੇ ਪਿਛਲੀ ਮਿਤੀ ਤੇ ਵੀ ਉਹ ਹਾਜ਼ਰ ਨਹੀਂ ਸੀ ਹੋਇਆ। ਇਸ ਲਈ ਉੱਤਰਦਾਤਾ ਦੇ ਜਵਾਬ ਦੇ ਆਧਾਰ ਤੇ ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 22 ਜਨਵਰੀ, 2020.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਜੈ ਪਾਲ ਪੁੱਤਰ ਸ੍ਰੀ ਬਨਾਰਸੀ ਦਾਸ ਮੋ: 98723-48142
ਮਕਾਨ :ਨੰ: 476, ਗਲੀ ਨੰਬਰ 1,
ਬਚਨ ਸਿੰਘ ਨਗਰ, ਪਿੰਡ ਬੱਲੋਕੀ ਨੇੜੇ ਬੈਂਕ ਕਲੋਨੀ,
ਹੈਬੋਵਾਲ ਕਲਾਂ, ਲੁਧਿਆਣਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ
ਦਫਤਰ, ਕਮਿਸ਼ਨਰ ਨਗਰ ਨਿਗਮ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਕਮਿਸ਼ਨਰ, ਨਗਰ ਨਿਗਮ, ਲੁਧਿਆਣਾ ----------ਉੱਤਰਦਾਤਾ

**ਅਪੀਲਕੇਸ ਨੰ: 3716/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-04-2019, ਲੋਕ ਸੂਚਨਾ ਅਧਿਕਾਰੀ ਦਫਤਰ, ਕਮਿਸ਼ਨ ਨਗਰ ਨਿਗਮ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਹਾਊਸ ਮਤੇ ਪੱਤਰਾਂ, ਸਰਕਾਰ ਦੇ ਪੱਤਰਾਂ, ਬਜਟ ਪੱਤਰ, ਸੂਚੀਆਂ, ਮਾਸਟਰੋਲ ਹਾਜ਼ਰੀਆਂ 49 ਅਤੇ 376 ਸਫਾਈ ਕਰਮਚਾਰੀਆਂ ਆਦਿ ਨਾਲ ਸਬੰਧਤ 10 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 28-11-2019 ਨੂੰ ਕਾਰਵਾਈ ਉਪਰੰਤ ਅਗਲੀ ਸੁਣਵਾਈ ਲਈ ਮਿਤੀ 19-12-2019 ਨੂੰ ਸਵੇਰੇ 11.30 ਵਜੇ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 19-12-2019 ਨੂੰ ਅਪੀਲਕਰਤਾ ਵਲੋਂ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ। ਇਸ ਲਈ ਇਹ ਕੇਸ ਵਿਚ ਅਗਲੀ ਸੁਣਵਾਈ ਲਈ ਮਿਤੀ 22-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਅਪੀਲਕਰਤਾ ਵਲੋਂ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ। ਇਸ ਲਈ **ਇਹ ਕੇਸ ਵਿਚ ਅਗਲੀ ਸੁਣਵਾਈ ਲਈ ਮਿਤੀ 04-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜ਼ਾਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 22 ਜਨਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਜੈ ਪਾਲ ਪੁੱਤਰ ਸ੍ਰੀ ਬਨਾਰਸੀ ਦਾਸ ਮੋ: 98723-48142
ਮਕਾਨ :ਨੰ: 476, ਗਲੀ ਨੰਬਰ 1,
ਬਚਨ ਸਿੰਘ ਨਗਰ, ਪਿੰਡ ਬੱਲੋਕੀ ਨੇੜੇ ਬੈਂਕ ਕਲੋਨੀ,
ਹੈਬੋਵਾਲ ਕਲਾਂ, ਲੁਧਿਆਣਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ
ਦਫਤਰ, ਕਮਿਸ਼ਨ ਨਗਰ ਨਿਗਮ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਕਮਿਸ਼ਨਰ, ਨਗਰ ਨਿਗਮ, ਲੁਧਿਆਣਾ ----------ਉੱਤਰਦਾਤਾ

**ਅਪੀਲ ਕੇਸ ਨੰ: 3717/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-10-2018, ਲੋਕ ਸੂਚਨਾ ਅਧਿਕਾਰੀ ਦਫਤਰ, ਕਮਿਸ਼ਨ ਨਗਰ ਨਿਗਮ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਡਿਪਟੀ ਕੰਟਰੋਲਰ (ਲੋਕਲ ਆਡਿਟ) ਵਿਭਾਗ ਵਲੋਂ ਸਫਾਈ ਸੇਵਕਾਂ ਦੇ ਨਾਮ, ਫੰਡ, ਤਨਖਾਹ ਏ ਤੋਂ ਜ਼ੈਡ ਕੰਪਨੀ ਲਾਈਨ ਕੰਪਨੀ, ਹਾਊਸ ਮਤਾ ਪੱਤਰ, ਪੰਜਾਬ ਸਰਕਾਰ ਦੇ ਪੱਤਰ, ਸਵਿਪਿੰਗ ਮਸ਼ੀਨਾ ਦੀ ਜਾਣਕਾਰੀ ਆਦਿ ਨਾਲ ਸਬੰਧਤ 08 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-11-2019 ਨੂੰ ਕਾਰਵਾਈ ਉਪਰੰਤ ਅਗਲੀ ਸੁਣਵਾਈ ਲਈ ਮਿਤੀ 19-12-2019 ਨੂੰ ਸਵੇਰੇ 11.30 ਵਜੇ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 19-12-2019 ਨੂੰ ਅਪੀਲਕਰਤਾ ਵਲੋਂ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ। ਇਸ ਲਈ ਇਹ ਕੇਸ ਵਿਚ ਅਗਲੀ ਸੁਣਵਾਈ ਲਈ ਮਿਤੀ 22-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਅਪੀਲਕਰਤਾ ਵਲੋਂ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ। ਇਸ ਲਈ **ਇਹ ਕੇਸ ਵਿਚ ਅਗਲੀ ਸੁਣਵਾਈ ਲਈ ਮਿਤੀ 04-03-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜ਼ਾਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 22 ਜਨਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਦੀਨੇਸ਼ ਕੁਮਾਰ ਪੁੱਤਰ ਸ੍ਰੀ ਦੋਲਡ ਰਾਮ,
ਵਾਸੀ ਪਿੰਡ ਰੱਤੇਵਾਲ (ਨੀਲਵਾੜੇ) ਤਹਿਸੀਲ ਬਲਾਚੌਰ,
ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ, ਦਫਤਰ ਕਾਰਜ ਸਾਧਕ ਅਫਸਰ,
ਬਲਾਚੌਰ, ਜਿਲਾ ਸ਼ਹੀਦ ਭਗਤ ਸਿੰਘ ਨਗਰ।

ਪਹਿਲੀ ਅਪੀਲੀ ਅਥਾਰਟੀ
ਦਫਤਰ ਰਿਜ਼ਨਲ ਡਿਪਟੀ ਡਾਇਰੈਕਟਰ ,
ਸਥਾਨਕ ਸਰਕਾਰ, ਜਲੰਧਰ। ----------ਉੱਤਰਦਾਤਾ

**ਅਪੀਲ ਕੇਸ ਨ: 3684/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਧਨਵੰਤ ਸਿੰਘ ਕਲਰਕ (9646598988)।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-04-2019, ਲੋਕ ਸੂਚਨਾ ਅਧਿਕਾਰੀ ਦਫਤਰ ਦਫਤਰ ਕਾਰਜ ਸਾਧਕ ਅਫਸਰ, ਬਲਾਚੌਰ, ਜਿਲਾ ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 11-ਮਾਰਚ, 2017 ਤੋਂ ਲੈ ਕੇ ਮਿਤੀ 31 ਮਾਰਚ, 2017 ਤੱਕ ਨਗਰ ਕੌਂਸਲ ਬਲਾਚੋਰ ਨੂੰ ਜ਼ਾਰੀ ਹੋਈਆਂ ਗਰਾਂਟਾ ਆਦਿ ਨਾਲ ਸਬੰਧਤ 03 ਨੋਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 01-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 30-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 27-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।ਇਸ ਉਪਰੰਤ ਇਹ ਕੇਸ ਅਗਲੀ ਮਿਤੀ 19-12-2019 ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ

2. ਪਿਛਲੀ ਮਿਤੀ 19-12-2019 ਸਵੇਰੇ 11.30 ਨੂੰ ਅਪੀਲਕਰਤਾ ਵਲੋਂ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ। ਇਸ ਲਈ ਇਹ ਕੇਸ ਵਿਚ ਅਗਲੀ ਸੁਣਵਾਈ ਲਈ ਮਿਤੀ 22-01-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਜਾਣਕਾਰੀ ਪ੍ਰਾਪਤ ਹੋਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਧਨਵੰਤ ਸਿੰਘ ਕਲਰਕ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਇਸ ਸਬੰਧ ਵਿਚ ਪਿਛਲੀ ਮਿਤੀ ਤੇ ਅਦਾਲਤ ਦੀ ਕਾਰਵਾਈ ਉਪਰੰਤ ਦਸਤਾਵੇਜ਼ ਪੇਸ਼ ਕਰਦੇ ਹੋਏ ਦਸਿਆ ਗਿਆ ਸੀ ਕਿ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਪੱਤਰ ਮਿਸਲ ਤੇ ਉਪਲਭਧ ਹਨ।

5. ਅਪੀਲਕਰਤਾ ਪਿਛਲੀਆਂ ਮਿਤੀਆਂ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਜਾਣਕਾਰੀ ਪ੍ਰਾਪਤ ਹੋਈ ਸੀ। ਅੱਜ ਵੀ ਅਪੀਲਕਰਤਾ ਹਾਜ਼ਰ ਨਹੀਂ ਹੋਇਆ। ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਅਨੁਸਾਰ ਪਿਛਲੀ ਮਿਤੀ ਤੇ ਹੀ ਅਦਾਲਤ ਦੀ ਕਾਰਵਾਈ ਉਪਰੰਤ ਉਨ੍ਹਾਂ ਦਾ ਨੁਮਾਇੰਦਾ ਪੇਸ਼ ਹੋਇਆ ਸੀ ਅਤੇ ਦਸਤਾਵੇਜ਼ ਪੇਸ਼ ਕੀਤੇ ਗਏ ਸਨ ਜੋ ਮਿਸਲ ਤੇ ਉਪਲਭਧ ਹਨ। ਪੇਸ਼ ਕੀਤੇ ਗਈ ਦਸਤਾਵੇਜਾਂ ਨੂੰ ਘੋਖਣ ਤੇ ਪਾਇਆ ਗਿਆ ਕਿ ਅਪੀਲਕਰਤਾ ਵਲੋਂ ਮਿਤੀ 15-04-2019 ਰਾਹੀਂ ਮਿਤੀ 11ਮਾਰਚ, 2019 ਤੋਂ 31 ਮਾਰਚ, 2019 ਤੱਕ ਨਗਰ ਕੌਂਸਲ ਬਲਾਚੌਰ ਪਾਸੋਂ ਗਰਾਂਟਾਂ ਸਬੰਧੀ

ਪਰਤੋ ਜੀ -----ਚਲਦਾ ਪੰਨਾ /2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨ: 3684/2019**

ਜਾਣਕਾਰੀ ਮੰਗੀ ਗਈ ਸੀ, ਜਿਸ ਸਬੰਧੀ ਉਸ ਵਲੋਂ ਪਹਿਲਾਂ ਵੀ ਆਪਣੀ ਆਰ.ਟੀ.ਆਈ. ਅਰਜੀ ਮਿਤੀ 14-3-2019 ਰਾਹੀਂਸੂਚਨਾ ਵੀ ਇਹ ਜਾਣਕਾਰੀ ਮੰਗੀ ਗਈ ਸੀ। ਇਸ ਲਈ ਉੱਤਰਦਾਤਾ ਵਲੋਂ ਆਰ.ਟੀ.ਆਈ. ਮਿਤੀ 14-3-2019 ਦੇ ਸਬੰਧ ਵਿਚ ਪੱਤਰ ਨੰ: 585 ਮਿਤੀ 02-04-2019 ਰਾਹੀਂ ਜ਼ੋ ਉੱਤਰ ਦਿੱਤਾ ਗਿਆ ਸੀ ਉਸੇ ਦੀ ਲਗਾਤਾਰਤਾ ਵਿਚ ਤਾਜਾ ਪਾਈ ਅਰਜੀ ਮਿਤੀ 15-4-2019 ਸਬੰਧੀ ਵੀ ਪੱਤਰ 873 ਮਿਤੀ 10-5-2019 ਰਾਹੀਂ ਦਸਿਆ ਗਿਆ ਕਿ ਇਹ ਸੂਚਨਾ ਪਹਿਲਾਂ ਹੀ ਪੱਤਰ ਮਿਤੀ 2-4-2019 ਰਾਹੀਂ ਭੇਜੀ ਜਾ ਚੁੱਕੀ ਹੈ। ਜਿਸ ਸਬੰਧੀ ਉਸ ਵਲੋਂ ਪਹਿਲੀ ਅਪੀਲ ਅਤੇ ਦੂਜੀ ਅਪੀਲ ਸਮੇ ਇਤਰਾਜ ਉਠਾਇਆ ਗਿਆ ਕਿ 15-4-2019 ਨੂੰ ਪਾਈ ਅਰਜੀ ਦੀ ਜਵਾਬ 13 ਦਿਨ ਪਹਿਲਾਂ ਕਿਵੇਂ ਦਿੱਤਾ ਗਿਆ। ਉੱਤਰਦਾਤਾ ਵਲੋਂ ਇਸ ਸਬੰਧੀ ਸਪਸਟੀਕਰਨ ਆਪਣੇ ਪੱਤਰ ਮਿਤੀ 27-11-2019 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਵਿਚ ਵੀ ਦਿੱਤਾ ਗਿਆ ਹੈ। ਇਸ ਤਰ੍ਹਾਂ ਅਪੀਲਕਰਤਾ ਵਲੋਂ ਮੰਗੀ ਗਈ ਜਾਣਕਾਰੀ ਪਹਿਲਾਂ ਹੀ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਕਮਿਸ਼ਨ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਤੋਂ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 22 ਜਨਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਵਿਨੋਦ ਕੁਮਾਰ ਖੁਰਾਨਾ ਐਡਵੋਕੇਟ 9988805570
ਪਤਾ: 110 ,ਸ਼ਿਵਾਲਿਕ ਇੰਨਕਲੇਵ ਮਨੀਮਾਜਰਾ।ਚੰਡੀਗੜ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਭੌ ਪਰਾਪਤੀ ਕੁਲੈਕਟਰ ਇੰਡਸਟਰੀਜ ਪੰਜਾਬ,ਚੰਡੀਗੜ।
17 ਬੇਜ਼ ਬਿਲਡਿੰਗ ਚੰਡੀਗੜ।

ਪਹਿਲੀ ਅਪੀਲੀ ਅਥਾਰਟੀ ਦਫਤਰ ਭੌ ਪਰਾਪਤੀ ਕੁਲੈਕਟਰ
ਇੰਡਸਟਰੀਜ ਪੰਜਾਬ, 17 ਬੇਜ਼ ਬਿਲਡਿੰਗ ਚੰਡੀਗੜ। ------ਉੱਤਰਦਾਤਾ

**ਅਪੀਲ ਕੇਸ ਨੰ: 3381/2019**

**ਹਾਜ਼ਰ:-**

1) ਅਪੀਲਕਰਤਾ ਸ੍ਰੀ ਵਿਨੋਦ ਕੁਮਾਰ ਖੁਰਾਨਾ ਐਡਵੋਕੇਟ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮੋਹਿਤ ਸ਼ਰਮਾਂ, ਸੀਨੀਅਰ ਸਹਾਇਕ (8427002227)

**ਹੁੱਕਮ:**

ਪਿਛਲੀ ਮਿਤੀ 15-01-2020 ਨੂੰ ਅਪੀਲਕਰਤਾ ਸ੍ਰੀ ਵਿਨੋਦ ਕੁਮਾਰ ਖੁਰਾਨਾ ਐਡਵੋਕੇਟ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਅਜੇ ਤੱਕ ਸਹੀ ਸੂਚਨਾ ਪ੍ਰਾਪਤ ਨਹੀਂ ਹੋਈ । ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੁਖਵਿੰਦਰ ਕੋਰ ਸੀਨੀਅਰ ਸਹਾਇਕ, ਸ੍ਰੀ ਸੰਜੀਵ ਵੈਦ ਸੀਨੀਅਰ ਸਹਾਇਕ ਅਤੇ ਰਾਜਵਿੰਦਰ ਕੋਰ ਕਲਰਕ ਹਾਜ਼ਰ ਹੋਏ। ਉਨ੍ਹਾਂ ਵਲੋਂ ਦਸਿਆ ਗਿਆ ਕਿ ਸਬੰਧਤ ਕਰਮਚਾਰੀ ਬੱਚੇ ਦੀ ਬਿਮਾਰੀ ਕਾਰਨ ਛੁੱਟੀ ਤੇ ਚੱਲ ਰਿਹਾ ਹੈ ਇਸ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ। ਇਸ ਲਈ ਹਾਜ਼ਰ ਨੁਮਾਇੰਦਿਆਂ ਦੀ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ ਇਸ ਕੇਸ ਵਿਚ ਅਗਲੀ ਸੁਣਵਾਈ ਮਿਤੀ 22-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਅਪੀਲਕਰਤਾ ਵੱਲੋਂ ਹਾਜ਼ਰ ਸ੍ਰੀ ਵਿਨੋਦ ਕੁਮਾਰ ਖੁਰਾਨਾ ਐਡਵੋਕੇਟ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ੍ਰੀ ਮੋਹਿਤ ਸ਼ਰਮਾਂ, ਸੀਨੀਅਰ ਸਹਾਇਕ ਪੇਸ਼ ਹੋਏ। ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਪੱਤਰ ਨ: ਐਲ.ਏ.ਸੀ./ਆਰ.ਟੀ.ਆਈ./ਲੇਖ਼ਾਕਾਰ/746 ਮਿਤੀ 22-01-2020 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਅਤੇ ਉੱਤਰਦਾਤਾ ਕਮਿਸ਼ਨ ਨੂੰ ਕੀਤਾ ਗਿਆ ਹੈ। ਪੱਤਰ ਦੀ ਕਾਪੀ ਅਪੀਲਕਰਤਾ ਨੂੰ ਪੇਸ਼ੀ ਦੋਰਾਨ ਮੌਕੇ ਤੇ ਦੇ ਦਿੱਤੀ ਗਈ। ਇਸ ਦੇ ਨਾਲ ਹੀ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਕਿ ਉਹ ਜੇ ਇਸ ਸਬੰਧੀ ਕੋਈ ਕਹਿਣਾ ਚਾਹੁੰਦਾ ਹੈ ਤਾਂ ਲਿਖਤੀ ਰੂਪ ਵਿਚ ਕਮਿਸ਼ਨ ਨੂੰ ਹਫਤੇ ਦੇ ਅੰਦਰ ਅੰਦਰ ਭੇਜ਼ ਸਕਦਾ ਹੈ।

3. ਇਸ ਮਾਮਲੇ ਤੇ ਡੂੰਘਾਈ ਨਾਲ ਘੋਖ-ਵਿਚਾਰ ਕਰਨ ਲਈ **ਇਹ ਕੇਸ ਰਿਜ਼ਰਵ ਰੱਖਿਆ** ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 22 ਜਨਵਰੀ, 2020.**